# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 15-03-2025**

ਅੰਮ੍ਰਿਤਸਰ ਦੇ ਖੰਡਵਾਲਾ ਇਲਾਕੇ 'ਚ ਸਥਿਤ ਇੱਕ ਧਾਰਮਿਕ ਸਥਾਨ ਤੇ ਬੀਤੀ ਰਾਤ ਧਮਾਕਾ ਹੋਇਆ ਏ । ਮੋਟਰਸਾਈਕਲ ਸਵਾਰ ਦੋ ਹਮਲਾਵਰਾਂ ਨੇ ਇੱਥੇ ਬੰਬ ਵਰਗੀ ਕੋਈ ਚੀਜ਼ ਸੁੱਟੀ, ਜਿਸ ਨਾਲ ਇਹ ਧਮਾਕਾ ਹੋਏਆ। ਪੁਲਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਪੁਲਿਸ ਨੇ ਸੀਸੀਟੀਵੀ ਫੁੱਟੇਜ ਲੈ ਕੇ ਜਾਂਚ ਸ਼ੁਰੂ ਕਰ ਦਿੱਤੀ ਏ । ਮੁੱਢਲੀ ਜਾਂਚ ਵਿੱਚ ਸਾਹਮਣੇ ਆਇਆ ਏ ਕਿ ਦੋਵੇਂ ਨੌਜਵਾਨ ਮੋਟਰਸਾਈਕਲ ’ਤੇ ਸਵਾਰ ਹੋ ਕੇ ਆਏ ਸਨ। ਉਹ ਕੁਝ ਦੇਰ ਧਾਰਮਿਕ ਸਥਾਨ ਦੇ ਬਾਹਰ ਖੜ੍ਹੇ ਰਹੇ ਤੇ ਫਿਰ ਕੁਝ ਸੁੱਟ ਕੇ ਫਰਾਰ ਹੋ ਗਏ। ਜਿਵੇਂ ਹੀ ਉਹ ਉਥੋਂ ਭੱਜੇ ਤਾਂ ਜ਼ਬਰਦਸਤ ਧਮਾਕਾ ਹੋ ਗਿਆ । ਪੁਲਿਸ ਕਮਿਸ਼ਨਰ ਨੇ ਕਿਹਾ ਕਿ ਹਰ ਰੋਜ਼ ਪਾਕਿਸਤਾਨੀ ਏਜੰਸੀਆਂ ਸਾਡੇ ਗਰੀਬ ਪਰਿਵਾਰਾਂ ਦੇ ਨੌਜਵਾਨਾਂ ਨੂੰ ਅਜਿਹੀਆਂ ਹਰਕਤਾਂ ਕਰਨ ਲਈ ਉਕਸਾਉਂਦੀਆਂ ਨੇ । Byte ਓਧਰ ਸ੍ਰੀ ਹਰਿਮੰਦਰ ਸਾਹਿਬ ਦੀ ਇਕ ਸਰਾਂ ਵਿਖੇ ਵਾਪਰੀ ਘਟਨਾ, ਜਿਸ ਵਿਚ ਇੱਕ ਵਿਅਕਤੀ ਨੇ ਕੁਝ

ਲੋਕਾਂ ਨੂੰ ਰਾਡ ਮਾਰ ਕੇ ਜ਼ਖਮੀ ਕਰ ਦਿੱਤਾ ਸੀ, ਬਾਰੇ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਦੱਸਿਆ ਕਿ ਸ਼ੱਕੀ ਹਮਲਾਵਰ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ। ਉਹਨਾਂ ਜਾਣਕਾਰੀ ਦਿੱਤੀ ਕਿ ਉਕਤ ਵਿਅਕਤੀ ਦੀ ਪਛਾਣ ਹਰਿਆਣਾ ਦੇ ਯਮੁਨਾ ਨਗਰ ਦੇ ਸ਼ਾਦੀਪੁਰ ਨਿਵਾਸੀ ਗੁਲਫਾਨ ਵਜੋਂ ਹੋਈ ਏ। ਭੁੱਲਰ ਨੇ ਕਿਹਾ ਕਿ ਸਥਿਤੀ ਹੁਣ ਕਾਬੂ ਹੇਠ ਏ ਤੇ ਜਾਂਚ ਜਾਰੀ ਏ।

---------------------------------------------------------------------

ਖਾਲਸੇ ਦੀ ਜਨਮ ਭੂਮੀ ਸ੍ਰੀ ਅਨੰਦਪੁਰ ਸਾਹਿਬ ਵਿਖੇ ਹੋਲਾ ਮਹੱਲਾ ਦੀ ਅੱਜ ਸਮਾਪਤੀ ਹੋ ਗਈ ਏ। ਅੱਜ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸ਼੍ਰੋਮਣੀ ਕਮੇਟੀ ਵਲੋਂ ਵੱਖ-ਵੱਖ ਨਿਹੰਗ ਸਿੰਘ ਜਥੇਬੰਦੀਆਂ ਦੇ ਸਹਯੋਗ ਨਾਲ ਮਹੱਲਾ ਸਜਾਇਆ ਗਿਆ। ਸ੍ਰੀ ਆਨੰਦਪੁਰ ਸਾਹਿਬ ਦੀ ਧਰਤੀ ਖਾਲਸਾਈ ਰੰਗ ਵਿੱਚ ਰੰਗੀ ਰਹੀ ਤੇ ਚਾਰੇ ਪਾਸੇ ਖਾਲਸਾਈ ਜਾਹੋ ਜਲਾਲ ਦਾ ਨਜ਼ਾਰਾ ਵੇਖਣ ਨੂੰ ਮਿਲ਼ਿਆ। ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਨਗਰ ਕੀਰਤਨ ਦੇ ਰੂਪ ਸਜਾਏ ਮਹਲੇ ਵਿਚ ਵੱਡੀ ਗਿਣਤੀ ਸੰਗਤ ਸਮੇਤ ਨਿਹੰਗ ਸਿੰਘ ਜਥੇਬੰਦੀਆਂ ਨੇ ਹਾਥੀਆਂ ਤੇ ਘੋੜਿਆਂ ਤੇ ਸਵਾਰ ਹੋ ਕੇ ਸ਼ਮੂਲੀਅਤ ਕੀਤੀ। ਇਹ ਮਹੱਲਾ ਕਿਲ੍ਹਾ ਅਨੰਦਗੜ੍ਹ ਸਾਹਿਬ, ਕਿਲਾ ਹੋਲਗੜ

ਸਾਹਿਬ, ਗੁਰਦੁਆਰਾ ਮਾਤਾ ਅਜੀਤ ਕੌਰ ਤੇ ਕਿਲਾ ਫਤਹਿਗੜ੍ਹ ਸਾਹਿਬ ਹੁੰਦਾ ਹੋਇਆ ਚਰਣ ਗੰਗਾ ਸਟੇਡੀਅਮ ਪਹੁੰਚਿਆ ਜਿੱਥੇ ਵੱਖ-ਵੱਖ ਨਿਹੰਗ ਸਿੰਘਾਂ ਵੱਲੋ ਖਾਲਸਾਈ ਖੇਡਾਂ ਤੇ ਰਵਾਇਤਾਂ ਤੇ ਜੰਗਜੂ ਕਰਤੱਵਾਂ ਦਾ ਪ੍ਰਦਰਸ਼ਨ ਕੀਤਾ ਗਿਆ ।

---------------------------------------------------------------

ਪੰਜਾਬ ਦੇ ਉਦਯੋਗਪਤੀਆਂ ਨੂੰ ਵੱਡੀ ਰਾਹਤ ਪ੍ਰਦਾਨ ਕਰਦਿਆਂ ਸੂਬਾ ਸਰਕਾਰ ਨੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ (ਪੀ.ਐਸ.ਆਈ.ਈ.ਸੀ.) ਦੇ ਡਿਫਾਲਟਰ ਪਲਾਟ ਧਾਰਕਾਂ ਤੋਂ ਜ਼ਮੀਨ ਦੀ ਵਧੀ ਹੋਈ ਕੀਮਤ ਤੇ ਮੂਲ ਲਾਗਤ ਦੇ ਬਕਾਏ ਦੀ ਵਸੂਲੀ ਲਈ ਯਕਮੁਸ਼ਤ ਨਿਬੇੜਾ ਨੀਤੀ (ਓ.ਟੀ.ਐਸ.) ਸਬੰਧੀ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਏ । ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਉਦਯੋਗਪਤੀਆਂ ਨੂੰ ਇਹ ਰਾਹਤ ਦੇਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕੀਤਾ ਏ, ਉਹਨਾਂ ਕਿਹਾ ਕਿ  ਇਸ ਨਾਲ ਚਾਰ ਦਹਾਕਿਆਂ ਤੋਂ ਲੰਬਿਤ ਪਏ ਕੇਸਾਂ ਦਾ ਨਿਬੇੜਾ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਸੂਬੇ ਦੇ ਉਦਯੋਗਿਕ ਵਿਕਾਸ ਤੇ ਆਰਥਿਕਤਾ ਨੂੰ ਹੁਲਾਰਾ ਮਿਲੇਗਾ ਅਤੇ  ਇਹ ਕਦਮ ਕਾਰੋਬਾਰ ਨੂੰ ਪ੍ਰਫੁੱਲਤ ਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ‘ਤੇ ਮੋਹਰ ਏ ।

-----------------------------------------------------------------------

ਗੁਰਦਾਸਪੁਰ ਪੁਲਿਸ ਤੇ ਬੀ.ਐੱਸ.ਐੱਫ. ਨੇ ਸਰਹੱਦ ਪਾਰੋਂ ਡਰੋਨ ਰਾਹੀਂ ਭੇਜੀ ਨਸ਼ੇ ਤੇ ਹਥਿਆਰਾਂ ਦੀ ਵੱਡੀ ਖੇਪ ਨੂੰ ਬਰਾਮਦ ਕਰਦਿਆਂ 2 ਕਿਲੋ ਹੈਰੋਇਨ, 2 ਪਿਸਟਲ, 4 ਮੈਗਜ਼ੀਨ ਤੇ 66 ਜ਼ਿੰਦਾ ਰਾਊਂਡ ਰਿਕਵਰ ਕੀਤੇ ਨੇ। ਇਸ ਸਬੰਧੀ ਗੁਰਦਾਸਪੁਰ ਦੇ ਐੱਸ.ਐੱਸ.ਪੀ. ਆਦਿੱਤਿਆ ਨੇ ਦੱਸਿਆ ਕਿ ਇਸ ਸਬੰਧੀ ਮਾਮਲਾ ਦਰਜ ਕਰਕੇ ਨਸ਼ਾ ਤਸਕਰਾਂ ਦੇ ਸਬੰਧਾਂ ਦਾ ਪਤਾ ਲਗਾਇਆ ਜਾ ਰਿਹਾ ਏ। ਐੱਸ.ਐੱਸ.ਪੀ. ਆਦਿੱਤਿਆ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਪੰਜਾਬ ਪੁਲਿਸ ਵਲੋਂ ਹੋਰ ਸੁਰੱਖਿਆ ਏਜੰਸੀਆਂ ਅਤੇ ਲੋਕਾਂ ਦੇ ਸਹਿਯੋਗ ਨਾਲ ਯੁੱਧ ਨਸ਼ਿਆਂ ਵਿਰੁੱਧ ਨੂੰ ਹਰ ਹੀਲੇ ਫ਼ਤਹਿ ਕੀਤਾ ਜਾਵੇਗਾ।

-----------------------------------------------------------------------

ਸਿਹਤ ਤੇ ਪਰਿਵਾਰ ਭਲਾਈ ਵਿਭਾਗ ਪੰਜਾਬ ਦੇ ਪ੍ਰਮੁੱਖ ਸਕੱਤਰ ਕੁਮਾਰ ਰਾਹੁਲ ਵਲੋਂ ਸਿਵਲ ਹਸਪਤਾਲ ਸੰਗਰੂਰ ਦਾ ਦੌਰਾ ਕੀਤਾ। ਉਨ੍ਹਾਂ ਮੀਡੀਆ ਨੂੰ ਦੱਸਿਆ ਕਿ ਨਾਰਮਲ ਸਲਾਈਨ ਲਗਾਏ ਜਾਣ ਕਾਰਨ ਪਹਿਲਾਂ 3 ਮਰੀਜਾਂ ਨੂੰ ਸਿਹਤ ਸਬੰਧੀ ਕੁਝ ਦਿੱਕਤ ਆਈ ਸੀ, ਪਰ ਮੌਕੇ ਉੱਤੇ ਮੌਜੂਦ ਡਾਕਟਰਾਂ ਵਲੋਂ ਵਧੀਆ ਢੰਗ ਨਾਲ ਇਲਾਜ ਕੀਤਾ ਗਿਆ ਤੇ ਕਿਸੇ ਵੀ ਮਰੀਜ਼ ਨੂੰ ਰੈਫਰ ਕਰਨ ਦੀ ਲੋੜ ਨਹੀਂ

ਪਈ। ਉਹਨਾਂ ਦੱਸਿਆ ਕਿ ਇਸ ਬੈਚ ਨਾਲ ਸੰਬੰਧਿਤ ਨਾਰਮਲ ਸਲਾਈਨ ਦੀ ਵਰਤੋਂ ਕਰਨ ਉਤੇ ਪੰਜਾਬ ਦੇ ਸਾਰੇ ਹਸਪਤਾਲਾਂ ਵਿੱਚ ਪਾਬੰਦੀ ਲਗਾ ਦਿੱਤੀ ਗਈ ਏ। ਉਨ੍ਹਾਂ ਦੱਸਿਆ ਕਿ ਡਰੱਗ ਇੰਸਪੈਕਟਰ ਵੱਲੋਂ ਇਸਦੇ ਨਮੂਨੇ ਲੈ ਕੇ ਜਾਂਚ ਲਈ ਲੈਬੋਰਟਰੀ ਵਿੱਚ ਭੇਜਿਆ ਜਾ ਰਿਹਾ ਏ, ਜਿਸ ਦੇ ਨਤੀਜੇ ਅਗਲੇ ਦੋ ਤਿੰਨ ਦਿਨਾਂ ਵਿਚ ਆਉਣ ਦੀ ਸੰਭਾਵਨਾ ਏ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਨਮੂਨੇ ਅਯੋਗ ਪਾਏ ਗਏ ਤਾਂ ਸਬੰਧਿਤ ਸਪਲਾਇਰ ਤੇ ਫਰਮ ਖਿਲਾਫ ਬਣਦੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

---------------------------------------------------------------------

ਪੰਜਾਬ ਦੇ ਮੋਹਾਲੀ ਸਥਿਤ ਸਪੈਸ਼ਲ ਆਪ੍ਰੇਸ਼ਨ ਸੈੱਲ ਨੇ ਕੱਲ੍ਹ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਪਾਕਿਸਤਾਨ ਸਥਿਤ ਬੱਬਰ ਖਾਲਸਾ ਇੰਟਰਨੈਸ਼ਨਲ (ਬੀਕੇਆਈ) ਦੇ ਇਕ ਮੁੱਖ ਮਾਡਿਊਲ ਨੂੰ ਤਬਾਹ ਕਰ ਦਿੱਤਾ ਏ। ਉਨ੍ਹਾਂ ਦੇ ਕਬਜ਼ੇ ਵਿਚੋਂ ਇਕ ਪਿਸਤੌਲ ਤੇ ਕਾਰਤੂਸਾਂ ਸਮੇਤ 12 ਬੋਰ ਦੀ ਬੰਦੂਕ ਵੀ ਬਰਾਮਦ ਕੀਤੀ ਗਈ ਏ। ਗ੍ਰਿਫ਼ਤਾਰ ਕੀਤੇ ਗਏ ਦੋ ਮੁਲਜ਼ਮ ਮਹਾਰਾਸ਼ਟਰ ਦੇ ਨਾਂਦੇੜ ਦੇ ਰਹਿਣ ਵਾਲੇ ਸਨ ਤੇ 10 ਫਰਵਰੀ ਨੂੰ ਨਾਂਦੇੜ ਵਿੱਚ ਹੋਈ ਗੋਲੀਬਾਰੀ ਵਿੱਚ ਸ਼ਾਮਲ ਸਨ, ਜਿਸ ਵਿੱਚ ਇੱਕ ਵਿਅਕਤੀ ਮਾਰਿਆ ਗਿਆ ਸੀ ਅਤੇ ਇਕ ਹੋਰ ਜ਼ਖਮੀ ਹੋ

ਗਿਆ ਸੀ। ਗ੍ਰਿਫ਼ਤਾਰ ਕੀਤਾ ਗਿਆ ਤੀਜਾ ਮੁਲਜ਼ਮ ਰੋਪੜ ਜ਼ਿਲ੍ਹੇ ਦੇ ਨੂਰਪੁਰ ਬੇਦੀ ਦਾ ਰਹਿਣ ਵਾਲਾ ਏ। ਇਸ ਤੋਂ ਪਹਿਲਾਂ ਵੀ, ਪੰਜਾਬ ਪੁਲਿਸ ਨੇ ਗੋਲੀਬਾਰੀ ਨਾਲ ਜੁੜੇ ਕੁਝ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਸੀ, ਜਿਸ ਦੀ ਯੋਜਨਾ ਪਾਕਿਸਤਾਨ ਸਥਿਤ ਬੀ. ਕੇ. ਆਈ. ਆਪਰੇਟਿਵ ਦੁਆਰਾ ਬਣਾਈ ਗਈ ਸੀ। ਹੋਰ ਜਾਂਚ ਜਾਰੀ ਏ ।